ਗਉੜੀ ਮਹਲਾ ੫ ॥ ਸਤਿਗੁਰੁ ਪੂਰਾ ਭਇਆ ਕ੍ਰਿਪਾਲੁ ॥ ਹਿਰਦੈ ਵਸਿਆ ਸਦਾ ਗੁਪਾਲੁ ॥੧॥ ਰਾਮੁ ਰਵਤ ਸਦ ਹੀ ਸੁਖੁ ਪਾਇਆ ॥ ਮਇਆ ਕਰੀ ਪੂਰਨ ਹਰਿ ਰਾਇਆ ॥੧॥ ਰਹਾਉ ॥ ਕਹੁ ਨਾਨਕ ਜਾ ਕੇ ਪੂਰੇ ਭਾਗ ॥ ਹਰਿ ਹਰਿਨਾਮੁ ਅਸਥਿਰੁ ਸੋਹਾਗੁ ॥੨॥੧੦੬॥ {ਪੰਨਾ 200-201}

ਪਦਅਰਥ:- ਕ੍ਰਿਪਾਲੁ—{øpw-AwlX} ਕਿਰਪਾ ਦਾ ਘਰ, ਦਇਆਵਾਨ। ਹਿਰਦੈ—ਹਿਰਦੇ ਵਿਚ।1।

ਰਵਤ—ਸਿਮਰਦਿਆਂ। ਸਦ ਹੀ—ਸਦਾ ਹੀ। ਮਇਆ—ਕਿਰਪਾ। ਪੂਰਨ—ਸਰਬ-ਵਿਆਪਕ। ਹਰਿ ਰਾਇਆ—ਪ੍ਰਭੂ ਪਾਤਸ਼ਾਹ।1। ਰਹਾਉ।

ਜਾ ਕੇ—ਜਿਸ (ਮਨੁੱਖ) ਦੇ। ਅਸਥਿਰੁ—ਸਦਾ ਕਾਇਮ ਰਹਿਣ ਵਾਲਾ। ਸੋਹਾਗੁ—{sOBwÀX} ਖਸਮ, ਪਤੀ।2।

ਅਰਥ:- (ਹੇ ਭਾਈ!) ਜਿਸ ਮਨੁੱਖ ਉੱਤੇ ਸਰਬ-ਵਿਆਪਕ ਪ੍ਰਭੂ-ਪਾਤਿਸ਼ਾਹ ਨੇ ਮਿਹਰ ਕੀਤੀ ਹੈ, ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਨੇ ਸਦਾ ਹੀ ਆਤਮਕ ਆਨੰਦ ਮਾਣਿਆ ਹੈ।1। ਰਹਾਉ।

(ਹੇ ਭਾਈ!) ਅਭੁੱਲ ਗੁਰੂ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ, ਸ੍ਰਿਸ਼ਟੀ ਦੇ ਰੱਖਿਅਕ ਪਰਮਾਤਮਾ (ਦਾ ਨਾਮ) ਸਦਾ ਉਸ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ।1।

ਹੇ ਨਾਨਕ! ਆਖ—ਜਿਸ ਮਨੁੱਖ ਦੇ (ਮੱਥੇ ਉਤੇ) ਪੂਰੇ ਭਾਗ ਜਾਗ ਪੈਂਦੇ ਹਨ, ਉਹ ਸਦਾ ਪਰਮਾਤਮਾ ਦਾ ਨਾਮ ਜਪਦਾ ਹੈ, (ਉਸ ਦੇ ਸਿਰ ਤੇ) ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਖਸਮ (ਆਪਣਾ ਹੱਥ ਰੱਖਦਾ ਹੈ)।2। 106।